## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ

ਹੁਕਮ ਨੰ: 10/48-14 ਅ3(1) ਕੋ:ਸ:(4)
ਮਿਤੀ, ਐਸ.ਏ.ਐਸ.ਨਗਰ :- 05.02.2015

ਸ਼੍ਰੀ ਸੁਖਦੇਵ ਸਿੰਘ, ਸਾਇੰਸ ਮਾਸਟਰ, ਸ.ਸ.ਸ.ਸ. ਮੁਕੰਦਪੁਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਮਿਤੀ 01.04.1990 ਤੋਂ ਲੈ ਕੇ ਆਪਣੀ ਰਿਟਾਇਰਮੈਂਟ ਮਿਤੀ 30.04.2013 ਤੱਕ (ਲਗਭਗ 23 ਸਾਲ) ਲਗਾਤਾਰ ਅਣਅਧਿਕਾਰਤ ਤੌਰ ਤੇ ਗੈਰਹਾਜ਼ਰ ਰਿਹਾ ਹੈ। ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਮਿਤੀ 14.10.2014 ਨੂੰ ਅਖਬਾਰ ਵਿੱਚ ਇਸ਼ਤਿਹਾਰ ਪ੍ਰਕਾਸਿਤ ਕਰਵਾ ਕੇ ਇਸ ਕਰਮਚਾਰੀ ਨੂੰ ਵਿਸ਼ੇਸ਼ ਮੌਕਾ ਦਿੰਦੇ ਹੋਏ ਲਿਖਿਆ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁਝ ਕਹਿਣਾ ਚਾਹੁੰਦਾ ਹੈ ਤਾਂ ਨੋਟਿਸ ਛੱਪਣ ਦੇ 15 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜ਼ਰ ਹੋ ਕੇ ਆਪਣਾ ਪੱਖ ਪੇਸ਼ ਕਰ ਸਕਦਾ ਹੈ ਪਰੰਤੂ ਇਸ ਨੋਟਿਸ ਦੇ ਜਵਾਬ ਵਿਚ ਸ਼੍ਰੀ ਸੁਖਦੇਵ ਸਿੰਘ, ਸਾਇੰਸ ਮਾਸਟਰ, ਸ.ਸ.ਸ.ਸ. ਮੁਕੰਦਪੁਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਨਾ ਤਾਂ ਕੋਈ ਉਤਰ ਦਿੱਤਾ ਗਿਆ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜ਼ਰ ਹੋ ਕੇ ਮਿਤੀ 01.04.1990 ਤੋਂ ਮਿਤੀ 30.04.2013 ਤੱਕ ਦੀ ਆਪਣੀ ਗੈਰਹਾਜ਼ਰੀ ਬਾਰੇ ਆਪਣਾ ਪੱਖ ਪੇਸ਼ ਕੀਤਾ।

ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਰੂਲ 13(ii) ਦੀਆਂ ਪ੍ਰੋਵੀਜ਼ਨਜ਼ ਦੇ ਸਨਮੁੱਖ ਸਪਸ਼ਟ ਹੈ ਕਿ ਇਸ ਸਟੇਜ ਤੇ ਕੋਈ further ਇਨਕੁਆਰੀ reasonably practicable ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀ ਸੁਖਦੇਵ ਸਿੰਘ, ਸਾਇੰਸ ਮਾਸਟਰ, ਸ.ਸ.ਸ.ਸ. ਮੁਕੰਦਪੁਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਮਿਤੀ 01-04-1990 ਤੋਂ 30-04-2013 ਤੱਕ ਲਗਾਤਾਰ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋ ਜਾਣਬੁਝ ਕੇ ਗੈਰ ਹਾਜਰ ਰਹਿਣ ਕਾਰਨ ਇਸ ਦੀਆਂ ਸੇਵਾਵਾਂ ਪੰਜਾਬ ਸਿਵਲ ਸਰਵਿਸਜ ਵਾਲਿਯੂਮ-2 ਦੇ ਨਿਯਮ 3.17 ਅਧੀਨ ਫਾਰਫੀਟ(forfeit) ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿਠ ਅੰਕਣ ਨੰ: ਉਕਤ 1992-95 ਮਿਤੀ, ਐਸ.ਏ.ਐਸ.ਨਗਰ :- 6/2/2015

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਜਲੰਧਰ।
2. ਜਿਲਾ ਸਿੱਖਿਆ ਅਫਸਰ (ਸੈ:ਸਿ) ਸ਼ਹੀਦ ਭਗਤ ਸਿੰਘ ਨਗਰ ਨੂੰ ਕਰਮਚਾਰਨ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਫਾਰਫੀਟ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਪ੍ਰਿੰਸੀਪਲ/ ਮੁੱਖਅਧਿਆਪਕ, ਸ.ਸ.ਸ.ਸ. ਮੁਕੰਦਪੁਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰੀ ਦੇ ਮੌਜੂਦਾ ਘਰ ਦੇ ਪੱਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ, ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ।
4. ਸ਼੍ਰੀ ਸੁਖਦੇਵ ਸਿੰਘ, ਸਾਇੰਸ ਮਾਸਟਰ, ਸ.ਸ.ਸ.ਸ. ਮੁਕੰਦਪੁਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ।

6/2/15
ਸੁਪਰਡੰਟ ਕੋਆਰਡੀਨੇਸ਼ਨ ਸੈਲ

**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।**

ਹੁਕਮ ਨੰ: 5/191-12 ਦਅ(3) (ਕੋ:ਸੈ-4)
ਮਿਤੀ, ਐਸ.ਏ.ਐਸ.ਨਗਰ :-05-02-2015

ਸ਼੍ਰੀਮਤੀ ਬਲਜੀਤ ਕੌਰ, ਸਹਾਇਕ ਲਾਇਬ੍ਰੇਰੀਅਨ ਸ.ਸ.ਸ.ਸ. ਛੇਹਰਟਾ ਜ਼ਿਲ੍ਹਾ ਅੰਮ੍ਰਿਤਸਰ (ਅਸਲ ਅਹੁਦਾ ਲਾਇਬ੍ਰੇਰੀ ਅਟੈਂਡੇਂਟ ) ਜੋ ਮਿਤੀ 23-09-2012 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੋਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਇਸ ਦਫਤਰ ਦੇ ਹੁਕਮ ਨੰ: 5/191-12 ਦਅ(3) ਮਿਤੀ 23-04-2013/02-05-2013 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਂਵੱਲੀ 1970 ਦੀ ਧਾਰਾ 8 ਦੇ ਨਿਯਮ 5 (v ਤੋਂ ix) ਅਧੀਨ ਦੋਸ ਸੂਚੀ ਜਾਰੀ ਕੀਤੀ ਗਈ ਸੀ। ਬਾਅਦ ਵਿੱਚ ਇਸ ਦਫਤਰ ਦੇ ਹੁਕਮ ਨੰ: 5/191-12 ਦਅ(3) ਕੋ:ਸ:4 ਮਿਤੀ 22.01.2015 ਰਾਹੀਂ ਇਸ ਕਰਮਚਾਰਨ (ਸ਼੍ਰੀਮਤੀ ਬਲਜੀਤ ਕੌਰ) ਦਾ ਅਹੁਦਾ ਸਹਾਇਕ ਲਾਇਬ੍ਰੇਰੀਅਨ ਦੀ ਥਾਂ ਤੇ ਲਾਇਬ੍ਰੇਰੀ ਅਟੈਂਡੇਂਟ ਪੜ੍ਹਨ ਸਬੰਧੀ ਪੱਤਰ ਜਾਰੀ ਕੀਤਾ ਗਿਆ। ਜਾਰੀ ਕੀਤੀ ਦੋਸ਼ ਸੂਚੀ ਰਾਹੀਂ ਕਰਮਚਾਰਨ ਨੂੰ 21 ਦਿਨ ਦੇ ਅੰਦਰ-ਅੰਦਰ ਜਵਾਬ ਭੇਜਣ ਲਈ ਲਿਖਿਆ ਗਿਆ ਸੀ। ਪਰੰਤੂ ਕਰਮਚਾਰਨ ਨੇ ਮਿੱਥੇ ਸਮੇਂ ਦੌਰਾਨ ਕੋਈ ਜਵਾਬ ਨਹੀਂ ਦਿੱਤਾ।

ਸ਼੍ਰੀਮਤੀ ਬਲਜੀਤ ਕੌਰ, ਲਾਇਬ੍ਰੇਰੀ ਅਟੈਂਡੇਂਟ, ਸ.ਸ.ਸ.ਸ. ਛੇਹਰਟਾ ਜ਼ਿਲ੍ਹਾ ਅੰਮ੍ਰਿਤਸਰ ਦੀਆਂ ਪ੍ਰਤੀਬੇਨਤੀਆਂ ਮਿਤੀ 05.07.2013 ਅਤੇ 10.07.2014 ਨੂੰ ਵੇਖਣ ਤੋਂ ਸਪਸ਼ਟ ਹੁੰਦਾ ਹੈ ਕਿ ਉਹ ਯੂ.ਐਸ.ਏ ਵਿਖੇ ਰਹਿ ਰਹੀ ਹੈ ਅਤੇ ਉਥੋਂ ਪੱਤਰ ਭੇਜ ਕੇ ਆਪਣੀ ਅਸਮਰੱਥਤਾ ਦਰਸਾ ਰਹੀ ਹੈ।

ਸ਼੍ਰੀਮਤੀ ਬਲਜੀਤ ਕੌਰ, ਲਾਇਬ੍ਰੇਰੀ ਅਟੈਂਡੇਂਟ, ਸ.ਸ.ਸ.ਸ. ਛੇਹਰਟਾ ਜ਼ਿਲ੍ਹਾ ਅੰਮ੍ਰਿਤਸਰ ਦਾ ਵਿਦੇਸ਼ (ਯੂ.ਐਸ.ਏ) ਵਿੱਚ ਰਹਿਣਾ ਅਤੇ ਵਿਦੇਸ਼ ਤੋਂ ਸਕੂਲ ਮੁੱਖੀ ਅਤੇ ਮੁੱਖ ਦਫਤਰ ਨੂੰ ਪੱਤਰ ਭੇਜ ਕੇ ਇਹ ਲਿਖਣਾ ਕਿ ਉਹ ਆਪਣੇ ਘਰੇਲੂ ਹਲਾਤਾਂ ਕਾਰਣ ਡਿਊਟੀ ਕਰਨ ਤੋਂ ਅਸਮਰੱਥ ਹੈ ਅਤੇ ਵਾਪਸ ਨਹੀਂ ਆ ਸਕਦੀ ਅਤੇ ਨਾਲ ਹੀ ਨੌਕਰੀ ਤੋਂ ਫਾਰਗੀ ਲਈ ਬੇਨਤੀ ਕਰਨਾ ਇਸ ਗੱਲ ਦਾ ਪ੍ਰਤੀਕ ਹੈ ਕਿ ਕਰਮਚਾਰਨ(ਸ਼੍ਰੀਮਤੀ ਬਲਜੀਤ ਕੌਰ) ਮੰਨਦੀ ਹੈ ਕਿ ਉਹ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰਹਾਜ਼ਰ ਚਲੀ ਆ ਰਹੀ ਹੈ ਅਤੇ ਨੌਕਰੀ ਕਰਨ ਵਿੱਚ ਬਿਲਕੁਲ ਦਿਲਚਸਪੀ ਨਹੀਂ ਰੱਖਦੀ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੀ ਧਾਰਾ 8 ਦੇ ਨਿਯਮ 5(viii) ਵਿਚ ਦਿੱਤੀਆ ਸ਼ਕਤੀਆਂ ਦੀ ਵਰਤੋ ਕਰਦੇ ਹੋਏ ਸ਼੍ਰੀਮਤੀ ਬਲਜੀਤ ਕੌਰ, ਲਾਇਬ੍ਰੇਰੀ ਅਟੈਂਡੇਂਟ ਸ.ਸ.ਸ.ਸ. ਛੇਹਰਟਾ (ਅੰਮ੍ਰਿਤਸਰ) ਦੇ ਮਿਤੀ 23-09-2012 ਤੋ ਹੁਣ ਤੱਕ ਅਣ-ਅਧਿਕਾਰਤ ਤੌਰ ਲਗਾਤਾਰ ਜਾਣਬੁਝ ਕੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਉਸ ਦੀਆਂ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਰੂਲਜ਼ 1970 ਦੇ ਨਿਯਮ 5(viii) ਅਧੀਨ ਤਤਕਾਲ ਸਮੇਂ ਤੋ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿਠ ਅੰਕਣ ਨੰ: ਉਕਤ 1996-99
ਮਿਤੀ, ਐਸ.ਏ.ਐਸ.ਨਗਰ :- 6/2/2015

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ,ਜਲੰਧਰ ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਅੰਮ੍ਰਿਤਸਰ ਨੂੰ ਕਰਮਚਾਰਨ ਦੀ ਸੇਵਾ ਪੱਤਰੀ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਪ੍ਰਿੰਸੀਪਲ/ਮੱਖਅਧਿਆਪਕ, ਸ.ਸ.ਸ.ਸ. ਛੇਹਰਟਾ (ਅੰਮ੍ਰਿਤਸਰ) ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ, ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ।
4. ਸ਼੍ਰੀਮਤੀ ਬਲਜੀਤ ਕੌਰ, ਲਾਇਬ੍ਰੇਰੀ ਅਟੈਂਡੇਂਟ, ਸ.ਸ.ਸ.ਸ. ਛੇਹਰਟਾ (ਅੰਮ੍ਰਿਤਸਰ)।

6/2/15
ਸੁਪਰਡੰਟ ਕੋਆਰਡੀਨੇਸ਼ਨ ਸੈਲ

ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ।

ਹੁਕਮ ਨੰ: 6/148-14 ਅ2(2)/ ਕੋ:ਸੈਲ(3)
ਮਿਤੀ, ਐਸ.ਏ.ਐਸ.ਨਗਰ:23.01.2015

ਇਸ ਦਫਤਰ ਦੇ ਹੁਕਮ ਨੰ: 02/35-2012 ਅਮਲਾ 2(6) ਮਿਤੀ 31.12.2012 ਰਾਹੀਂ ਸ਼੍ਰੀਮਤੀ ਰਵਿੰਦਰ ਕੌਰ ਪੁੱਤਰੀ ਸ੍ਰੀ ਸੁਖਦੇਵ ਸਿੰਘ, ਪਿੰਡ ਤੇ ਡਾਕ: ਜੋਧਪੁਰ ਜ਼ਿਲ੍ਹਾ ਬਰਨਾਲਾ ਦੀ ਨਿਯੁਕਤੀ ਬਤੌਰ ਸਾਇੰਸ ਮਿਸਟ੍ਰੈਸ, ਰਜਿਸਟ੍ਰੇਸ਼ਨ ਨੰ: 130403, ਮੈਰਿਟ ਨੰਬਰ 60.817, ਕੈਟਾਗਰੀ ਜਨਰਲ ਯਕਮੁਸ਼ਤ 10300/-ਰੁਪਏ ਪ੍ਰਤੀ ਮਹੀਨਾ 21 ਵੱਖ-ਵੱਖ ਨਿਧਾਰਿਤ ਸ਼ਰਤਾ ਤਹਿਤ ਠੇਕੇ ਦੇ ਅਧਾਰ ਤੇ ਕੀਤੀ ਗਈ। ਇਹ ਕਰਮਚਾਰਨ ਮਿਤੀ 29.01.2013 ਨੂੰ ਦੁਪਹਿਰ ਤੋਂ ਪਹਿਲਾਂ ਸੀਨੀਅਰ ਸੈਕੰਡਰੀ ਸਕੂਲ, ਜਿੱਤਵਾਲ ਕਲਾਂ (ਸੰਗਰੂਰ) ਹਾਜਰ ਹੋਈ। ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ:) ਸੰਗਰੂਰ ਦੀ ਰਿਪੋਰਟ ਅਨੁਸਾਰ ਇਹ ਕਰਮਚਾਰਨ ਮਿਤੀ 01.11.2013 ਤੋਂ ਹੁਣ ਤੱਕ ਲਗਾਤਾਰ ਅਣ-ਅਧਿਕਾਰਤ ਤੌਰ ਤੇ ਆਪਣੀ ਡਿਊਟੀ ਤੋਂ ਗੈਰ-ਹਾਜ਼ਰ ਹੈ।

ਸ਼੍ਰੀਮਤੀ ਰਵਿੰਦਰ ਕੌਰ, ਸਾਇੰਸ ਮਿਸਟ੍ਰੈਸ, ਸਰਕਾਰੀ ਮਿਡਲ ਸਕੂਲ ਜਿੱਤਵਾਲ ਖੁਰਦ ਕੰਪਲੈਕਸ ਸੀਨੀਅਰ ਸੈਕੰਡਰੀ ਸਕੂਲ, ਜਿੱਤਵਾਲ ਕਲਾਂ (ਸੰਗਰੂਰ) ਨੂੰ ਜਾਰੀ ਕੀਤੇ ਨਿਯੁਕਤੀ-ਪੱਤਰ ਵਿੱਚ ਸ਼ਰਤ ਨੰਬਰ-17 ਤੇ ਇਹ ਸਪਸ਼ਟ ਰੂਪ ਵਿੱਚ ਲਿਖਿਆ ਗਿਆ ਹੈ ਕਿ ਜੇਕਰ ਤੁਸੀਂ ਸਮਰੱਥ ਅਧਿਕਾਰੀ ਦੀ ਆਗਿਆ ਬਗੈਰ ਲਗਾਤਾਰ 10 ਦਿਨਾਂ ਤੋਂ ਵੱਧ ਗੈਰ-ਹਾਜ਼ਰ ਰਹਿੰਦੇ ਹੋ ਤਾਂ ਤੁਹਾਡੀ ਇਹ ਠੇਕਾ ਅਧਾਰਿਤ ਨਿਯੁਕਤੀ ਬਗੈਰ ਕਿਸੇ ਨੋਟਿਸ ਦਿੱਤੇ ਰੱਦ ਸਮਝੀ ਜਾਵੇਗੀ। ਆਪਣੀ ਡਿਊਟੀ ਤੋਂ ਅਣ-ਅਧਿਕਾਰਤ ਤੌਰ ਤੇ ਲਗਾਤਾਰ ਗੈਰ ਹਾਜ਼ਰ ਰਹਿ ਕੇ ਕਰਮਚਾਰਨ ਨੇ ਪੂਰੀ ਤਰ੍ਹਾਂ ਆਪਣੇ ਗੈਰ ਜ਼ੁੰਮੇਵਾਰ ਹੋਣ ਦਾ ਸਬੂਤ ਦਿੱਤਾ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ ਉਪਰੋਕਤ ਦਰਸਾਏ ਤੱਥਾਂ ਦੇ ਸਨਮੁੱਖ ਨਿਯੁਕਤੀ ਪੱਤਰ ਵਿੱਚ ਦਰਜ਼ ਸ਼ਰਤ ਨੰਬਰ 17 ਅਧੀਨ ਸ਼੍ਰੀਮਤੀ ਰਵਿੰਦਰ ਕੌਰ, ਸਾਇੰਸ ਮਿਸਟ੍ਰੈਸ, ਸਰਕਾਰੀ ਮਿਡਲ ਸਕੂਲ ਜਿੱਤਵਾਲ ਖੁਰਦ ਕੰਪਲੈਕਸ ਸੀਨੀਅਰ ਸੈਕੰਡਰੀ ਸਕੂਲ, ਜਿੱਤਵਾਲ ਕਲਾਂ (ਸੰਗਰੂਰ) ਦੀ ਠੇਕਾ ਅਧਾਰਿਤ ਸੇਵਾਵਾਂ ਤੱਤਕਾਲ ਸਮੇਂ ਤੋਂ ਰੱਦ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ।

ਪਿੱਠ-ਅੰਕਣ ਨੰ: ਉਕਤ/ 1962-65 ਮਿਤੀ, ਐਸ.ਏ.ਐਸ.ਨਗਰ: 5/2/2015

ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਲਈ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਨਾਭਾ।
2. ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ:) ਸੰਗਰੂਰ ਨੂੰ ਉਨ੍ਹਾਂ ਦੇ ਪੱਤਰ ਨੰਬਰ ਅ-1/ ( ) 2014-15/199 ਮਿਤੀ 22.12.2014 ਦੇ ਸਬੰਧ ਵਿੱਚ ਭੇਜ ਕੇ ਲਿਖਿਆ ਜਾਂਦਾ ਹੈ ਕਿ ਸਬੰਧਤ ਦੀ ਸੇਵਾਪੱਤਰੀ ਵਿੱਚ ਲਾਲ ਸਿਆਹੀ ਨਾਲ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲੱਬਧ ਕਰਵਾਈ ਜਾਵੇ।
3. ਪ੍ਰਿੰਸੀਪਲ, ਸੀਨੀਅਰ ਸੈਕੰਡਰੀ ਸਕੂਲ, ਜਿੱਤਵਾਲ ਕਲਾਂ (ਸੰਗਰੂਰ) ਨੂੰ ਸਬੰਧਤ ਕਰਮਚਾਰਨ ਦੀ ਸੇਵਾਪੱਤਰੀ ਭੇਜਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪਤੇ ਤੇ ਰਜਿਸਟਰਡ ਡਾਕ ਰਾਹੀਂ ਭੇਜੇ ਜਾਣ। ਕਰਮਚਾਰਨ ਦੀ ਸੇਵਾਪੱਤਰੀ ਵਿੱਚ ਲਾਲ ਸਿਆਹੀ ਨਾਲ ਇੰਦਰਾਜ ਵੀ ਕੀਤਾ ਜਾਵੇ।
4. ਸ਼੍ਰੀਮਤੀ ਰਵਿੰਦਰ ਕੌਰ, ਸਾਇੰਸ ਮਿਸਟ੍ਰੈਸ, ਸਰਕਾਰੀ ਮਿਡਲ ਸਕੂਲ ਜਿੱਤਵਾਲ ਖੁਰਦ ਕੰਪਲੈਕਸ ਸੀਨੀਅਰ ਸੈਕੰਡਰੀ ਸਕੂਲ, ਜਿੱਤਵਾਲ ਕਲਾਂ (ਸੰਗਰੂਰ)।

ਨੱਥੀ: ਸੇਵਾਪੱਤਰੀ (ਅਸਲ)

4/2/15
ਸੁਪਰਡੰਟ ਕੋਆਰਡੀਨੇਸ਼ਨ ਸੈਲ